ਭੈਰਉ ਮਹਲਾ ੫ ॥ ਹਉਮੈ ਰੋਗੁ ਮਾਨੁਖ ਕਉ ਦੀਨਾ ॥ ਕਾਮ ਰੋਗਿ ਮੈਗਲੁ ਬਸਿ ਲੀਨਾ ॥ ਦ੍ਰਿਸਟਿ ਰੋਗਿ ਪਚਿ ਮੁਏ ਪਤੰਗਾ ॥ ਨਾਦ ਰੋਗਿ ਖਪਿ ਗਏ ਕੁਰੰਗਾ ॥ ੧॥ ਜੋ ਜੋ ਦੀਸੈ ਸੋ ਸੋ ਰੋਗੀ ॥ ਰੋਗ ਰਹਿਤ ਮੇਰਾ ਸਤਿਗੁਰੁ ਜੋਗੀ ॥੧॥ ਰਹਾਉ ॥ ਜਿਹਵਾ ਰੋਗਿ ਮੀਨੁ ਗ੍ਰਸਿਆਨੋ ॥ ਬਾਸਨ ਰੋਗਿ ਭਵਰੁ ਬਿਨਸਾਨੋ ॥ ਹੇਤ ਰੋਗ ਕਾ ਸਗਲ ਸੰਸਾਰਾ ॥ ਤ੍ਰਿਬਿਧਿ ਰੋਗ ਮਹਿ ਬਧੇ ਬਿਕਾਰਾ ॥ ੨॥ ਰੋਗੇ ਮਰਤਾ ਰੋਗੇ ਜਨਮੈ ॥ ਰੋਗੇ ਫਿਰਿ ਫਿਰਿ ਜੋਨੀ ਭਰਮੈ ॥ ਰੋਗ ਬੰਧ ਰਹਨੁ ਰਤੀ ਨ ਪਾਵੈ ॥ ਬਿਨੁ ਸਤਿਗੁਰ ਰੋਗੁ ਕਤਹਿ ਨ ਜਾਵੈ ॥੩॥ ਪਾਰਬ੍ਰਹਮਿ ਜਿਸੁ ਕੀਨੀ ਦਇਆ ॥ ਬਾਹ ਪਕੜਿ ਰੋਗਹੁ ਕਢਿ ਲਇਆ ॥ ਤੂਟੇ ਬੰਧਨ ਸਾਧਸੰਗੁ ਪਾਇਆ ॥ ਕਹੁ ਨਾਨਕ ਗੁਰਿ ਰੋਗੁ ਮਿਟਾਇਆ ॥ ੪॥੭॥੨੦॥ {ਪੰਨਾ 1140-1141}

ਪਦਅਰਥ:- ਕਉ—ਨੂੰ। ਰੋਗਿ—ਰੋਗ ਨੇ। ਮੈਗਲੁ—ਹਾਥੀ। ਬਸਿ—ਵੱਸ ਵਿਚ। ਰੋਗਿ—ਰੋਗ ਵਿਚ। ਪਚਿ ਮੁਏ—ਸੜ ਮੁਏ। ਦ੍ਰਿਸਟਿ ਰੋਗਿ—ਵੇਖਣ ਦੇ ਰੋਗ ਵਿਚ। ਨਾਦ—(ਘੰਡੇ ਹੇੜੇ ਦੀ) ਆਵਾਜ਼ (ਹਿਰਨਾਂ ਨੂੰ ਫੜਨ ਲਈ ਮੜ੍ਹੇ ਹੋਏ ਘੜੇ ਦੀ) ਆਵਾਜ਼। ਕੁਰੰਗਾ—ਹਿਰਨ।1।

ਜੋਗੀ—(ਪ੍ਰਭੂ ਵਿਚ) ਜੁੜਿਆ ਹੋਇਆ।1। ਰਹਾਉ।

ਮੀਨੁ—ਮੱਛ {ਪੁਲਿੰਗ}। ਗ੍ਰਸਿਆਨੋ—ਪਕੜਿਆ ਹੋਇਆ। ਬਾਸਨ—ਸੁਗੰਧੀ। ਹੇਤ—ਮੋਹ। ਤ੍ਰਿਬਿਧਿ ਰੋਗ ਮਹਿ—ਤ੍ਰਿਗੁਣੀ ਮਾਇਆ ਦੇ ਮੋਹ ਵਿਚ। ਬਧੇ—ਬੱਝੇ ਹੋਏ। ਬਿਕਾਰਾ—ਵਿਕਾਰ, ਐਬ।2।

ਰੋਗੇ—ਰੋਗ ਵਿਚ ਹੀ। ਫਿਰਿ ਫਿਰਿ—ਮੁੜ ਮੁੜ। ਭਰਮੈ—ਭਟਕਦਾ ਹੈ। ਬੰਧੁ—ਬੰਧਨ। ਰਹਨੁ—ਭਟਕਣਾ ਤੋਂ ਖ਼ਲਾਸੀ, ਸ਼ਾਂਤੀ, ਟਿਕਾਉ। ਰਤੀ—ਰਤਾ ਭਰ ਭੀ। ਕਤਹਿ—ਕਿਸੇ ਤਰ੍ਹਾਂ ਭੀ।3।

ਪਾਰਬ੍ਰਹਮਿ—ਪਾਰਬ੍ਰਹਮ ਨੇ। ਪਕੜਿ—ਫੜ ਕੇ। ਰੋਗਹੁ—ਰੋਗ ਤੋਂ। ਗੁਰਿ—ਗੁਰੂ ਨੇ।4।

ਅਰਥ:- ਹੇ ਭਾਈ! ਜਿਹੜਾ ਜਿਹੜਾ ਜੀਵ (ਜਗਤ ਵਿਚ) ਦਿੱਸ ਰਿਹਾ ਹੈ, ਹਰੇਕ ਕਿਸੇ ਨ ਕਿਸੇ ਰੋਗ ਵਿਚ ਫਸਿਆ ਹੋਇਆ ਹੈ। (ਅਸਲ) ਜੋਗੀ ਮੇਰਾ ਸਤਿਗੁਰੂ (ਸਭ) ਰੋਗਾਂ ਤੋਂ ਰਹਿਤ ਹੈ।1। ਰਹਾਉ।

ਹੇ ਭਾਈ! (ਪਰਮਾਤਮਾ ਨੇ) ਮਨੁੱਖ ਨੂੰ ਹਉਮੈ ਦਾ ਰੋਗ ਦੇ ਰੱਖਿਆ ਹੈ, ਕਾਮ-ਵਾਸਨਾ ਦੇ ਰੋਗ ਨੇ ਹਾਥੀ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ। (ਦੀਵੇ ਦੀ ਲਾਟ ਨੂੰ) ਵੇਖਣ ਦੇ ਰੋਗ ਦੇ ਕਾਰਨ ਪਤੰਗੇ (ਦੀਵੇ ਦੀ ਲਾਟ ਉਤੇ) ਸੜ ਮਰਦੇ ਹਨ। (ਘੰਡੇ ਹੇੜੇ ਦੀ) ਆਵਾਜ਼ (ਸੁਣਨ) ਦੇ ਰੋਗ ਦੇ ਕਾਰਨ ਹਿਰਨ ਖ਼ੁਆਰ ਹੁੰਦੇ ਹਨ।1।

ਹੇ ਭਾਈ! ਜੀਭ ਦੇ ਰੋਗ ਦੇ ਕਾਰਨ ਮੱਛੀ ਫੜੀ ਜਾਂਦੀ ਹੈ, ਸੁਗੰਧੀ ਦੇ ਰੋਗ ਦੇ ਕਾਰਨ (ਫੁੱਲ ਦੀ ਸੁਗੰਧੀ ਲੈਣ ਦੇ ਰਸ ਦੇ ਕਾਰਨ) ਭੌਰਾ (ਫੁੱਲ ਵਿਚ ਮੀਟਿਆ ਜਾ ਕੇ) ਨਾਸ ਹੋ ਜਾਂਦਾ ਹੈ। ਹੇ ਭਾਈ! ਸਾਰਾ ਜਗਤ ਮੋਹ ਦੇ ਰੋਗ ਦਾ ਸ਼ਿਕਾਰ ਹੋਇਆ ਪਿਆ ਹੈ, ਤ੍ਰਿਗੁਣੀ ਮਾਇਆ ਦੇ ਮੋਹ ਦੇ ਰੋਗ ਵਿਚ ਬੱਝੇ ਹੋਏ ਜੀਵ ਅਨੇਕਾਂ ਵਿਕਾਰ ਕਰਦੇ ਹਨ।2।

ਹੇ ਭਾਈ! (ਮਨੁੱਖ ਕਿਸੇ ਨ ਕਿਸੇ ਆਤਮਕ) ਰੋਗ ਵਿਚ (ਫਸਿਆ ਹੋਇਆ) ਹੀ ਮਰ ਜਾਂਦਾ ਹੈ, (ਕਿਸੇ ਨ ਕਿਸੇ ਆਤਮਕ) ਰੋਗ ਵਿਚ (ਗ੍ਰਸਿਆ ਹੋਇਆ) ਹੀ ਜੰਮਦਾ ਹੈ, ਉਸ ਰੋਗ ਦੇ ਕਾਰਨ ਹੀ ਮੁੜ ਮੁੜ ਜੂਨਾਂ ਵਿਚ ਭਟਕਦਾ ਰਹਿੰਦਾ ਹੈ, ਰੋਗ ਦੇ ਬੰਧਨਾਂ ਦੇ ਕਾਰਨ (ਜੂਨਾਂ ਵਿਚ) ਭਟਕਣ ਤੋਂ ਰਤਾ ਭਰ ਭੀ ਖ਼ਲਾਸੀ ਨਹੀਂ ਪਾ ਸਕਦਾ। ਹੇ ਭਾਈ! ਗੁਰੂ ਦੀ ਸਰਨ ਤੋਂ ਬਿਨਾ (ਇਹ) ਰੋਗ ਕਿਸੇ ਤਰ੍ਹਾਂ ਭੀ ਦੂਰ ਨਹੀਂ ਹੁੰਦਾ।3।

ਹੇ ਭਾਈ! ਜਿਸ ਮਨੁੱਖ ਉਤੇ ਪਰਮਾਤਮਾ ਨੇ ਮਿਹਰ ਕਰ ਦਿੱਤੀ, ਉਸ ਨੂੰ ਉਸ ਨੇ ਬਾਂਹ ਫੜ ਕੇ ਰੋਗ ਵਿਚੋਂ ਬਚਾ ਲਿਆ। ਜਦੋਂ ਉਸ ਨੇ ਗੁਰੂ ਦੀ ਸੰਗਤਿ ਪ੍ਰਾਪਤ ਕੀਤੀ, ਉਸ ਦੇ (ਆਤਮਕ ਰੋਗਾਂ ਦੇ ਸਾਰੇ) ਬੰਧਨ ਟੁੱਟ ਗਏ। ਹੇ

ਨਾਨਕ! ਆਖ—(ਜਿਹੜਾ ਭੀ ਮਨੁੱਖ ਗੁਰੂ ਦੀ ਸਰਨ ਪਿਆ,) ਗੁਰੂ ਨੇ (ਉਸ ਦਾ) ਰੋਗ ਮਿਟਾ ਦਿੱਤਾ।4।7। 20।